ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

19:30

ਮਿਤੀ: 05-11-2026

<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਖੇਡਾਂ ਦੀ ਦੁਨੀਆ ਵਿੱਚ ਇੱਕ ਵੱਡੀ ਸ਼ਕਤੀ ਵਜੋਂ ਉੱਭਰ ਰਿਹਾ ਏ।

- ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਚੁਗਿਰਦੇ ਪ੍ਰਤੀ ਵਚਨਬੱਧਤਾਵਾਂ ਆਰਥਿਕ ਵਿਕਾਸ ਵਿੱਚ ਰੁਕਾਵਟਾਂ ਨਹੀਂ, ਸਗੋਂ ਦੇਸ਼ ਦੇ ਵਿਕਾਸ ਲਈ ਸੰਚਾਲਕ ਨੇ.

- ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਏ ਕਿ ਵਿਕਲਪਕ ਈਂਧਨਾਂ ਨੂੰ ਉਤਸ਼ਾਹਿਤ ਕਰਨ ਨਾਲ ਦਰਾਮਦ 'ਤੇ ਨਿਰਭਰਤਾ ਘਟੇਗੀ ਅਤੇ ਕਿਸਾਨਾਂ ਦੀ ਆਮਦਨ ‘ਚ ਵਾਧਾ ਹੋਏਗਾ.

- ਪੰਜਾਬ ਵਿੱਚ, ਆਬਾਦੀ ਗਣਨਾ ਦਾ ਦੂਜਾ ਪੜਾਅ ਪਹਿਲੀ ਦਸੰਬਰ 2026 ਤੋਂ 4 ਜਨਵਰੀ 2027 ਤੱਕ ਹੋਏਗਾ.

- 9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜਾਪਾਨ ਨਾਲ ਹੋ ਰਿਹਾ ਏ.

<u>ਹੁਣ ਖਬਰਾਂ ਵਿਸਥਾਰ ਨਾਲ</u>

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਜਾਪਾਨ ਦੇ ਆਈਚੀ ਨਾਗੋਆ ਵਿੱਚ ਹਾਲ ਹੀ ਵਿੱਚ ਸਮਾਪਤ ਹੋਈਆਂ ਏਸ਼ਿਆਈ ਪੈਰਾ ਖੇਡਾਂ ਵਿੱਚ ਪੈਰਾ-ਐਥਲੀਟਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਦਰਸਾਉਂਦੀ ਏ ਕਿ ਭਾਰਤ ਖੇਡਾਂ ਦੀ ਦੁਨੀਆ ਵਿੱਚ ਇੱਕ ਵੱਡੀ ਸ਼ਕਤੀ ਵਜੋਂ ਉੱਭਰ ਰਿਹਾ ਏ । ਅੱਜ ਸ਼ਾਮ ਨਵੀਂ ਦਿੱਲੀ ਵਿੱਚ ਭਾਰਤੀ ਦਲ ਨਾਲ ਗੱਲਬਾਤ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ, ਐਥਲੀਟਾਂ ਨੇ ਨਾ ਸਿਰਫ਼ ਤਮਗੇ, ਸਗੋਂ ਲੱਖਾਂ ਦੇਸ਼ ਵਾਸੀਆਂ ਦੇ ਦਿਲ ਵੀ ਜਿੱਤੇ ਨੇ-

byte

ਸ਼੍ਰੀ ਮੋਦੀ ਨੇ ਕਿਹਾ, 2010 ਦੀਆਂ ਪੈਰਾ ਏਸ਼ੀਅਨ ਖੇਡਾਂ ਵਿੱਚ, ਭਾਰਤ ਨੇ ਸਿਰਫ਼ ਇੱਕ ਸੋਨੇ ਦਾ ਅਤੇ ਕੁੱਲ 14 ਤਮਗੇ ਜਿੱਤੇ ਸਨ। ਉਨ੍ਹਾਂ ਕਿਹਾ ਕਿ, ਇਸ ਵਾਰ ਭਾਰਤੀ ਐਥਲੀਟ 114 ਤਗਮੇ ਲੈ ਕੇ ਵਾਪਸ ਆਏ ਨੇ. ਪ੍ਰਧਾਨ ਮੰਤਰੀ ਨੇ ਕਿਹਾ, 14 ਤੋਂ 114 ਤਗਮਿਆਂ ਤੱਕ ਦਾ ਇਹ ਸਫ਼ਰ ਐਥਲੀਟਾਂ ਦੀ ਸਖ਼ਤ ਮਿਹਨਤ ਦਾ ਸਿੱਟਾ ਏ -

byte

ਸ਼੍ਰੀ ਮੋਦੀ ਨੇ ਕਿਹਾ ਕਿ ਓਲੰਪਿਕ ਨੂੰ ਧਿਆਨ ਵਿੱਚ ਰੱਖਦੇ ਹੋਏ, ਇਸ ਵਾਰ ਲਾਲ ਕਿਲ੍ਹੇ ਤੋਂ, ਉਨ੍ਹਾਂ ਨੇ ਨੌਜਵਾਨਾਂ ਨੂੰ ਹੁਨਰ ਖੋਜ ਮੁਹਿੰਮ ਵਿੱਚ ਅੱਗੇ ਆਉਣ ਦਾ ਸੱਦਾ ਦਿੱਤਾ ਸੀ । ਪ੍ਰਧਾਨ ਮੰਤਰੀ ਨੇ ਕਿਹਾ ਕਿ, ਸਰਕਾਰ ਨੇ ਖੇਲੋ ਇੰਡੀਆ ਖੇਡ ਸਮਾਨ ਨਿਰਮਾਣ ਯੋਜਨਾ ਨੂੰ ਮਨਜ਼ੂਰੀ

ਦੇ ਦਿੱਤੀ ਏ ਅਤੇ ਹੁਣ ਸਮਾਂ ਆ ਗਿਆ ਏ ਕਿ ਖੇਡ ਸਮਾਨ ਨਿਰਮਾਣ ਸਨਅਤ ਨਵੇਂ ਬ੍ਰਾਂਡ ਕਾਇਮ ਕਰੇ । ਉਨ੍ਹਾਂ ਕਿਹਾ ਕਿ, ਜਦੋਂ ਕੋਈ ਵੀ ਭਾਰਤੀ ਜਾਂ ਵਿਦੇਸ਼ੀ ਖਿਡਾਰੀ ਮੈਦਾਨ ਵਿੱਚ ਕਦਮ ਰੱਖਦਾ ਏ , ਤਾਂ ਉਨ੍ਹਾਂ ਦਾ ਖੇਡ ਸਮਾਨ ਵੀ ਭਾਰਤ ਵਿੱਚ ਬਣਿਆ ਹੋਣਾ ਚਾਹੀਦਾ ਏ ਅਤੇ ਉਨ੍ਹਾਂ ਦੇ ਕੱਪੜੇ ਅਤੇ ਜੁੱਤੇ ਵੀ ਭਾਰਤ ਵਿੱਚ ਬਣੇ ਹੋਣੇ ਚਾਹੀਦੇ ਨੇ. ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਕਿਹਾ ਕਿ, ਦੇਸ਼ ਵਿੱਚ ਖੇਡ ਖੇਤਰ ਇਸ ਲਈ ਅੱਗੇ ਵਧ ਰਿਹਾ ਏ ਕਿਉਂਕਿ ਪ੍ਰਧਾਨ ਮੰਤਰੀ ਨੇ ਇਸ ਲਈ ਇੱਕ ਵਿਆਪਕ ਦ੍ਰਿਸ਼ਟੀਕੋਣ ਪ੍ਰਦਾਨ ਕੀਤਾ ਏ । ਉਨ੍ਹਾਂ ਕਿਹਾ ਕਿ, ਦੇਸ਼ ਨੇ 2014 ਵਿੱਚ ਪੈਰਾ ਖੇਡਾਂ ਵਿੱਚ ਸੋਨੇ ਦੇ ਸਿਰਫ ਤਿੰਨ ਤਮਗੇ ਜਿੱਤੇ ਸਨ ਅਤੇ ਅੱਜ, 2026 ਵਿੱਚ ਭਾਰਤੀ ਪੈਰਾ-ਐਥਲੀਟਾਂ ਨੇ ਸੋਨੇ ਦੇ 30 ਤਮਗੇ ਜਿੱਤੇ ਨੇ. ਮੰਤਰੀ ਨੇ ਕਿਹਾ ਕਿ, ਅੱਜ, ਐਥਲੀਟਾਂ ਅਤੇ ਪੈਰਾ-ਐਥਲੀਟਾਂ, ਦੋਵਾਂ ਨੂੰ ਬਰਾਬਰ ਦਾ ਦਰਜਾ ਦਿੱਤਾ ਜਾਂਦਾ ਏ, ਉਨ੍ਹਾਂ ਨੂੰ ਇੱਕੋ ਜਿਹੇ ਮੌਕੇ ਅਤੇ ਹਮਾਇਤ ਮਿਲਦੀ ਏ .

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਭਾਰਤ ਦੀ ਰਵਾਇਤੀ ਸਮਝ ਹਮੇਸ਼ਾ ਕੁਦਰਤ ਪ੍ਰਤੀ ਸਤਿਕਾਰ ਅਤੇ ਕੁਦਰਤੀ ਵਸੀਲਿਆਂ ਦੀ ਜ਼ਿੰਮੇਵਾਰ ਵਰਤੋਂ 'ਤੇ ਜ਼ੋਰ ਦਿੰਦੀ ਰਹੀ ਏ । ਅੱਜ ਨਵੀਂ ਦਿੱਲੀ ਵਿੱਚ ਭਾਰਤ ਨਵਿਆਉਣਯੋਗ ਊਰਜਾ ਕਾਨਫਰੰਸ ਦੇ ਸਮਾਪਤੀ ਸੈਸ਼ਨ ਵਿਖੇ ਬੋਲਦਿਆਂ, ਉਪ-ਰਾਸ਼ਟਰਪਤੀ ਨੇ ਕਿਹਾ ਕਿ ਨਿਰੰਤਰ ਰਹਿਣ ਯੋਗ ਵਿਕਾਸ ਦੀਆਂ ਜੜ੍ਹਾਂ ਦੇਸ਼ ਦੀਆਂ ਪੁਰਾਤਨ ਰਵਾਇਤਾਂ ‘ਚ ਨੇ ਅਤੇ ਹੁਣ ਆਧੁਨਿਕ ਵਿਗਿਆਨ ਅਤੇ ਤਕਨੋਲਜੀ ਰਾਹੀਂ ਇਸਨੂੰ ਹੋਰ

ਮਜ਼ਬੂਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਭਾਰਤ ਨੇ ਤੇਜ਼ੀ ਨਾਲ ਆਰਥਿਕ ਵਿਕਾਸ ਪ੍ਰਾਪਤ ਕੀਤਾ ਏ ਅਤੇ ਜੈਵਿਕ ਇੰਧਨ 'ਤੇ ਆਪਣੀ ਨਿਰਭਰਤਾ ਘਟਾ ਦਿੱਤੀ ਏ । ਭਾਰਤ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ, ਉਪ-ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਦੀ ਗੈਰ-ਜੈਵਿਕ ਇੰਧਨ ਸਮਰੱਥਾ 300 ਗੀਗਾਵਾਟ ਤੋਂ ਵੱਧ ਗਈ ਏ । ਉਨ੍ਹਾਂ ਕਿਹਾ ਕਿ ਚੁਗਿਰਦੇ ਪ੍ਰਤੀ ਵਚਨਬੱਧਤਾਵਾਂ ਆਰਥਿਕ ਵਿਕਾਸ ਵਿੱਚ ਰੁਕਾਵਟਾਂ ਨਹੀਂ ਨੇ, ਸਗੋਂ ਦੇਸ਼ ਦੇ ਵਿਕਾਸ ਲਈ ਸੰਚਾਲਕ ਨੇ. ਉਪ-ਰਾਸ਼ਟਰਪਤੀ ਨੇ ਕਿਹਾ ਕਿ ਨਵਿਆਉਣਯੋਗ ਊਰਜਾ ਖੇਤਰ ਕਿਫਾਇਤੀ ਬਿਜਲੀ, ਘਟੀ ਹੋਈ ਸਨਅਤੀ ਲਾਗਤ, ਰੁਜ਼ਗਾਰ ਸਿਰਜਣ ਅਤੇ ਦਰਾਮਦ ਦੇ ਬਿੱਲਾਂ ਵਿੱਚ ਗਿਰਾਵਟ ਨੂੰ ਸਮਰੱਥ ਬਣਾ ਰਿਹਾ ਏ ।

ਕੇਂਦਰੀ ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਏ ਕਿ ਉੱਤਰ ਪ੍ਰਦੇਸ਼ ਵਿੱਚ 5 ਲੱਖ ਕਰੋੜ ਰੁਪਏ ਦੇ ਸੜ੍ਹਕ ਪ੍ਰੋਜੈਕਟਾਂ ਨੂੰ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਏ । ਇਨ੍ਹਾਂ ਵਿੱਚੋਂ 1 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਪੂਰੇ ਹੋ ਚੁੱਕੇ ਨੇ. ਸ਼੍ਰੀ ਗਡਕਰੀ ਅੱਜ ਉੱਤਰ ਪ੍ਰਦੇਸ਼ ਦੇ ਜੌਨਪੁਰ ਜ਼ਿਲ੍ਹੇ ਵਿੱਚ ਕਰੀਬ 3 ਹਜ਼ਾਰ 677 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਤੋਂ ਬਾਅਦ ਇੱਕ ਜਨਤਕ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਸ਼੍ਰੀ ਗਡਕਰੀ ਨੇ ਕਿਹਾ ਕਿ ਭਾਰਤ ਪੈਟਰੋਲ ਅਤੇ ਡੀਜ਼ਲ ਦੀ ਦਰਾਮਦ 'ਤੇ ਸਾਲਾਨਾ ਕਰੀਬ 22 ਲੱਖ ਕਰੋੜ ਰੁਪਏ ਖਰਚ ਕਰਦਾ ਏ । ਵਿਕਲਪਕ ਈਂਧਨਾਂ ਨੂੰ ਉਤਸ਼ਾਹਿਤ ਕਰਨ ਨਾਲ ਦਰਾਮਦ 'ਤੇ ਨਿਰਭਰਤਾ ਘਟੇਗੀ

ਅਤੇ ਕਿਸਾਨਾਂ ਦੀ ਆਮਦਨ ਵਧੇਗੀ। ਉਨ੍ਹਾਂ ਅੱਗੇ ਕਿਹਾ ਕਿ ਕਿਸਾਨ ਹੁਣ ਹਾਈਡ੍ਰੋਜਨ ਵੀ ਪੈਦਾ ਕਰਨਗੇ। ਆਉਣ ਵਾਲੇ ਸਾਲਾਂ ਵਿੱਚ, ਗੰਨਾ, ਜਵਾਰ, ਮੱਕੀ ਅਤੇ ਕਣਕ ਦੇ ਉਤਪਾਦਨ ਨਾਲ ਕਿਸਾਨਾਂ ਦੀ ਖੁਸ਼ਹਾਲੀ ਵਧੇਗੀ। ਕਿਸਾਨ ਹਵਾਈ ਜਹਾਜ਼ਾਂ ਲਈ ਵੀ ਈਂਧਨ ਪੈਦਾ ਕਰਨਗੇ, ਜੋ ਗਰੀਬੀ ਦੂਰ ਕਰਨ ਵਿੱਚ ਮਦਦ ਕਰੇਗਾ।

ਕੇਂਦਰੀ ਮੰਤਰੀ ਅਤੇ ਭਾਜਪਾ ਨੇਤਾ ਹਰਦੀਪ ਸਿੰਘ ਪੁਰੀ ਮੱਧ ਪ੍ਰਦੇਸ਼ ਤੋਂ ਰਾਜ ਸਭਾ ਲਈ ਬਿਨਾਂ ਵਿਰੋਧ ਚੁਣੇ ਗਏ ਨੇ. ਕੇਂਦਰੀ ਮੰਤਰੀ ਐਲ. ਮੁਰੂਗਨ ਦੇ ਅਸਤੀਫ਼ੇ ਤੋਂ ਬਾਅਦ ਰਾਜ ਸਭਾ ਦੀ ਇਹ ਸੀਟ ਖਾਲੀ ਹੋ ਗਈ ਸੀ।

ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਅੱਜ ਕਾਠਮੰਡੂ ਵਿੱਚ ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਂਦਰ ਸ਼ਾਹ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ, ਦੋਵਾਂ ਧਿਰਾਂ ਨੇ ਕਈ ਦੁਵੱਲੇ ਮੁੱਦਿਆਂ 'ਤੇ ਚਰਚਾ ਕੀਤੀ ਅਤੇ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ ਦੀ ਖੋਜ ਕੀਤੀ।

ਕੇਂਦਰ ਸਰਕਾਰ ਨੇ ਅੱਜ ਰਾਜਾਂ ਨੂੰ ਟੈਕਸ ਤਬਾਦਲੇ ਦੀ ਨਿਯਮਤ ਕਿਸ਼ਤ ਵਜੋਂ 1 ਲਖ 9 ਹਜ਼ਾਰ 19 ਕਰੋੜ ਜਾਰੀ ਕੀਤੇ ਨੇ । ਇਹ ਮਾਸਿਕ ਕਿਸ਼ਤ ਆਮ ਤੌਰ 'ਤੇ 10 ਨਵੰਬਰ ਨੂੰ ਜਾਰੀ ਕੀਤੀ ਜਾਂਦੀ ਏ,

ਪਰ ਇਸ ਵਾਰ, ਤਿਉਹਾਰਾਂ ਕਾਰਨ, ਇਸਨੂੰ 5 ਨਵੰਬਰ ਨੂੰ ਜਾਰੀ ਕੀਤਾ ਗਿਆ ਏ.

ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਨੂੰ ਦੱਸਿਆ ਏ ਕਿ ਉਹ ਉੱਚ ਸਿੱਖਿਆ ਸੰਸਥਾਵਾਂ ਲਈ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਸਮਾਨਤਾ ਨੇਮ 2026 ਦੀ ਸਮੀਖਿਆ ਕਰਨ ਲਈ ਇੱਕ ਵਿਸ਼ੇਸ਼ ਕਮੇਟੀ ਬਣਾ ਰਹੀ ਏ। ਅਦਾਲਤ ਨੇ ਕਿਹਾ ਕਿ ਸਾਰੇ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਕੀਤੀ ਜਾਣੀ ਚਾਹੀਦੀ ਏ । ਉੱਚ ਸਿੱਖਿਆ ਸੰਸਥਾਵਾਂ ਵਿੱਚ ਸਮਾਨਤਾ ਦਾ ਅਰਥ ਏ ਕਿ ਜਾਤਿ ਜਾਂ ਸਮਾਜਿਕ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ, ਸਾਰੇ ਵਿਦਿਆਰਥੀਆਂ ਨੂੰ ਨਿਰਪੱਖ ਵਿਹਾਰ, ਬਰਾਬਰ ਮੌਕੇ ਅਤੇ ਵਿਤਕਰੇ ਤੋਂ ਸੁਰੱਖਿਆ ਮਿਲਣੀ ਚਾਹੀਦੀ ਏ. ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਦੀ ਬੈਂਚ ਨੂੰ ਸੂਚਿਤ ਕੀਤਾ ਕਿ ਸਰਕਾਰ ਵਿਦਿਆਰਥੀਆਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਉਪਾਵਾਂ 'ਤੇ ਵਿਚਾਰ ਕਰ ਰਹੀ ਏ ਕਿ ਕੋਈ ਵੀ ਵਰਗ ਨਜ਼ਰਅੰਦਾਜ਼ ਹੋਇਆ ਜਾਂ ਅਸੁਰੱਖਿਅਤ ਮਹਿਸੂਸ ਨਾ ਕਰੇ।

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਹਰਿਆਣਾ ਦੇ ਅੰਬਾਲਾ ਛਾਉਣੀ ਵਿੱਚ 1857 ਦੇ ਆਜ਼ਾਦੀ ਲੜਾਈ ਦੇ ਸੰਘਰਸ਼ ਦੇ ਬਹਾਦਰ ਸ਼ਹੀਦਾਂ ਦੀ ਯਾਦ ਵਿੱਚ ਬਣੀ ਯਾਦਗਾਰ ਦਾ ਉਦਘਾਟਨ ਕੀਤਾ। ਇਸ ਮੌਕੇ ਕੇਂਦਰੀ

ਮੰਤਰੀ ਮਨੋਹਰ ਲਾਲ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਹਰਿਆਣਾ ਸਰਕਾਰ ਦੇ ਕਈ ਮੰਤਰੀ ਮੌਜੂਦ ਸਨ।

ਪੰਜਾਬ ਵਿੱਚ, ਆਬਾਦੀ ਗਣਨਾ ਦਾ ਦੂਜਾ ਪੜਾਅ ਪਹਿਲੀ ਦਸੰਬਰ 2026 ਤੋਂ 4 ਜਨਵਰੀ 2027 ਤੱਕ ਕੀਤਾ ਜਾਵੇਗਾ। ਸੋਧ, 5 ਤੋਂ 9 ਜਨਵਰੀ 2027 ਤੱਕ ਹੋਏਗੀ. ਰਾਜ ਦੇ ਨੋਡਲ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦੇਣ ਅਤੇ ਰੱਖਿਆ ਖੇਤਰਾਂ, ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (CAPF) ਖੇਤਰਾਂ, ਕੈਂਪਾਂ ਅਤੇ ਸਥਾਪਨਾਵਾਂ, ਸਿਖਲਾਈ ਕੇਂਦਰਾਂ, ਵਿਗਿਆਨਕ ਅਤੇ ਖੋਜ ਕੇਂਦਰਾਂ, ਅਤੇ ਕਾਰਜਸ਼ੀਲ / ਅਗਲੇਰੇ ਅਤੇ ਪਹੁੰਚ ਤੋਂ ਬਾਹਰ ਦੇ ਇਲਾਕਿਆਂ ਵਰਗੇ ਸੀਮਤ-ਪਹੁੰਚ ਵਾਲੇ ਇਲਾਕਿਆਂ ਵਿੱਚ ਗਣਨਾ ਲਈ ਤਿਆਰੀਆਂ ਦੀ ਸਮੀਖਿਆ ਕਰਨ ਲਈ, ਅੱਜ ਵਿਸ਼ੇਸ਼ ਚਾਰਜਾਂ ਦੇ ਰਾਜ ਨੋਡਲ ਅਧਿਕਾਰੀਆਂ ਦੀ ਇੱਕ ਮੀਟਿੰਗ ਹੋਈ ।

ਪੰਜਾਬ ਵਿੱਚ ਕੱਲ੍ਹ ਤੱਕ ਪਿਛਲੇ ਕਰੀਬ 3 ਮਹੀਨਿਆਂ ਵਿੱਚ ਪਰਾਲੀ ਸਾੜ੍ਹਨ ਦੀਆਂ 2 ਹਜ਼ਾਰ 347 ਘਟਨਾਵਾਂ ਦਰਜ ਕੀਤੀਆਂ ਗਈਆਂ ਨੇ . ਤਰਨਤਾਰਨ ਜ਼ਿਲ੍ਹੇ ਵਿੱਚ ਸਭ ਤੋਂ ਵੱਧ 558 ਮਾਮਲੇ ਸਾਹਮਣੇ ਆਏ ਨੇ । ਕੱਲ੍ਹ ਸੂਬੇ ਭਰ ਵਿੱਚ ਅੱਗ ਲੱਗਣ ਦੀਆਂ ਕੁੱਲ ਘਟਨਾਵਾਂ 151 ਸਨ । ਹਾਲਾਂਕਿ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਦੇ ਅੰਕੜਿਆਂ ਮੁਤਾਬਿਕ, ਇਸ ਸਾਲ 15 ਸਤੰਬਰ ਤੋਂ 4 ਨਵੰਬਰ ਦੌਰਾਨ ਪਰਾਲੀ ਸਾੜਨ ਦੀਆਂ ਇਹਨਾਂ ਕੁਲ ਘਟਨਾਵਾਂ ਦੀ ਗਿਣਤੀ, ਪਿਛਲੇ ਸਾਲ ਦੇ

ਮੁਕਾਬਲੇ 500 ਘੱਟ ਏ. ਫਿਰ ਵੀ, ਉੱਤਰੀ ਭਾਰਤ ਝੋਨੇ ਦੀ ਕਟਾਈ ਦੀ ਰੁਤ ਦੌਰਾਨ ਪਰਾਲੀ ਸਾੜੇ ਜਾਣ ਕਰਕੇ ਲਗਾਤਾਰ ਵਧਦੇ ਪ੍ਰਦੂਸ਼ਣ ਦੇ ਪੱਧਰ ਦਾ ਸਾਹਮਣਾ ਕਰ ਰਿਹਾ ਏ । ਤਰਨਤਾਰਨ ਤੋਂ ਬਾਅਦ, ਫਿਰੋਜ਼ਪੁਰ ਵਿੱਚ 316 ਮਾਮਲੇ ਸਾਹਮਣੇ ਆਏ, ਜਦੋਂ ਕਿ ਅੰਮ੍ਰਿਤਸਰ ਵਿੱਚ 207 ਘਟਨਾਵਾਂ ਦਰਜ ਕੀਤੀਆਂ ਗਈਆਂ। ਬਠਿੰਡਾ ਵਿੱਚ 167 ਅਤੇ ਸੰਗਰੂਰ ਵਿੱਚ 163 ਮਾਮਲੇ ਦਰਜ ਕੀਤੇ ਗਏ। ਸੂਬਾ ਸਰਕਾਰ ਵੱਲੋਂ ਕਈ ਮਾਮਲਿਆਂ ਵਿੱਚ ਪੁਲਿਸ ਕੇਸ ਦਰਜ ਕੀਤੇ ਗਏ ਨੇ ਅਤੇ ਜੁਰਮਾਨੇ ਲਾਏ ਗਏ ਨੇ. ਸੂਬਾ ਸਰਕਾਰ ਨੇ ਦਾਅਵਾ ਕੀਤਾ ਏ ਕਿ ਇਸ ਦੀਆਂ ਕੋਸ਼ਿਸ਼ਾਂ ਸਦਕਾ, ਖੇਤਾਂ ਵਿੱਚ ਅੱਗ ਲੱਗਣ ਦੇ ਮਾਮਲੇ 90 ਫੀਸਦੀ ਤੱਕ ਘੱਟ ਗਏ ਨੇ. 2022 ਵਿੱਚ ਇਹਨਾਂ ਦੀ ਗਿਣਤੀ 49 ਹਜ਼ਾਰ 922 ਸੀ ਜਦੋਂ ਕਿ 2025 ਵਿੱਚ ਇਹ ਗਿਣਤੀ ਸਿਰਫ਼ 5,114 ਰਹਿ ਗਈ ਏ. ਇਸ ਦੌਰਾਨ, ਦਿੱਲੀ ਦੇ ਚੁਗਿਰਦਾ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਅੱਜ ਦਾਅਵਾ ਕੀਤਾ ਕਿ ਇਸ ਮਹੀਨੇ ਦੀ 3 ਤਰੀਕ ਨੂੰ ਪੰਜਾਬ ਵਿੱਚ ਇੱਕ ਦਿਨ ਵਿੱਚ 580 ਤੋਂ ਵੱਧ ਪਰਾਲੀ ਸਾੜਨ ਦੀਆਂ ਘਟਨਾਵਾਂ ਦਰਜ ਕੀਤੀਆਂ ਗਈਆਂ।

ਫੁੱਟਬਾਲ ਵਿੱਚ, ਮੌਜੂਦਾ ਚੈਂਪੀਅਨ ਭਾਰਤ ਨੇ ਅੱਜ ਢਾਕਾ ਦੇ ਨੈਸ਼ਨਲ ਸਟੇਡੀਅਮ ਵਿੱਚ SAFF ਚੈਂਪੀਅਨਸ਼ਿਪ ਦੇ ਗਰੁੱਪ ਬੀ ਦੇ ਇੱਕ ਮੈਚ ਵਿੱਚ ਪਾਕਿਸਤਾਨ ਨੂੰ 3-2 ਨਾਲ ਹਰਾਇਆ ।

9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਵਿੱਚ, ਭਾਰਤ ਅਤੇ ਜਾਪਾਨ ਵਿਚਕਾਰ ਸੋਨੇ ਦੇ ਤਮਗੇ ਲਈ ਫਾਈਨਲ ਮੈਚ ਪੰਜਾਬ ਦੇ ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ ਵਿੱਚ ਚੱਲ ਰਿਹਾ ਏ। ਇਸ ਤੋਂ ਪਹਿਲਾਂ ਮਲੇਸ਼ੀਆ ਨੇ ਦਿਨ ਦੇ ਪਹਿਲੇ ਮੈਚ ਵਿੱਚ ਦੱਖਣੀ ਕੋਰੀਆ ਨੂੰ 5-2 ਨਾਲ ਹਰਾ ਕੇ ਕਾਂਸੀ ਦਾ ਤਗਮਾ ਜਿੱਤਿਆ।

ਪੁਰਤਗਾਲੀ ਫੁੱਟਬਾਲ ਸੁਪਰਸਟਾਰ ਕ੍ਰਿਸਟੀਆਨੋ ਰੋਨਾਲਡੋ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਆਪਣੀ ਸੰਨਿਆਸ ਦਾ ਐਲਾਨ ਕੀਤਾ ਏ, ਜਿਸ ਨਾਲ ਦੋ ਦਹਾਕਿਆਂ ਤੋਂ ਵੱਧ ਸਮੇਂ ਦੇ ਸ਼ਾਨਦਾਰ ਕਰੀਅਰ ਦਾ ਅੰਤ ਹੋ ਗਿਆ ਏ. ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, 41 ਸਾਲਾ ਖਿਡਾਰੀ ਨੇ ਇਸ ਬਾਰੇ ਪੁਸ਼ਟੀ ਕੀਤੀ.

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਖੇਡਾਂ ਦੀ ਦੁਨੀਆ ਵਿੱਚ ਇੱਕ ਵੱਡੀ ਸ਼ਕਤੀ ਵਜੋਂ ਉੱਭਰ ਰਿਹਾ ਏ।

- ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਚੁਗਿਰਦੇ ਪ੍ਰਤੀ ਵਚਨਬੱਧਤਾਵਾਂ ਆਰਥਿਕ ਵਿਕਾਸ ਵਿੱਚ ਰੁਕਾਵਟਾਂ ਨਹੀਂ, ਸਗੋਂ ਦੇਸ਼ ਦੇ ਵਿਕਾਸ ਲਈ ਸੰਚਾਲਕ ਨੇ.

- ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਏ ਕਿ ਵਿਕਲਪਕ ਈਂਧਨਾਂ ਨੂੰ ਉਤਸ਼ਾਹਿਤ ਕਰਨ ਨਾਲ ਦਰਾਮਦ 'ਤੇ ਨਿਰਭਰਤਾ ਘਟੇਗੀ ਅਤੇ ਕਿਸਾਨਾਂ ਦੀ ਆਮਦਨ ‘ਚ ਵਾਧਾ ਹੋਏਗਾ.

- ਪੰਜਾਬ ਵਿੱਚ, ਆਬਾਦੀ ਗਣਨਾ ਦਾ ਦੂਜਾ ਪੜਾਅ ਪਹਿਲੀ ਦਸੰਬਰ 2026 ਤੋਂ 4 ਜਨਵਰੀ 2027 ਤੱਕ ਹੋਏਗਾ.

- 9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜਾਪਾਨ ਨਾਲ ਹੋ ਰਿਹਾ ਏ.

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ ਸਾਢੇ 8 ਵਜੇ ਹੋਏਗਾ। ਨਮਸਕਾਰ!